Vigilance Bureau Punjab

# VB registers corruption case against Police Sub Inspector for accepting Rs 5000 bribe

## Accused personnel demanding Rs 15,000 more as bribe

Chandigarh August 2, 2024 -

The Punjab Vigilance Bureau (VB) during its ongoing campaign against corruption in the state has registered a corruption case against a Sub-Inspector (SI) of Punjab Police, Gurtej Singh, posted at police station Boha, district Mansa for demanding and accepting a bribe of Rs 5000.

Disclosing this here today an official spokesperson of the state VB said this above mentioned police official has been booked based on a complaint lodged by Parvinder Singh, a resident of village Sherkhan Wala, in Mansa district on the Chief Minister's Anti Corruption Action Line.

He further informed that the complainant has alleged in his complaint that a case was registered against his relatives at police station Boha and above said Sub Inspector has demanded illegal gratification of Rs 40,000 for helping the accused while demanding his police remand. He further informed that upon his repeated requests the police personnel agreed to take Rs 20,000 as bribe and had taken Rs 5,000 as a first instalment. The complainant has recorded the conversation with the police official while demanding and taking the bribe money.

The spokesperson added that during verification, the allegations levelled in the said complaint have been found correct as the same have been supported by oral evidence as well as video recording of occurrence and allegations of demanding Rs 20,000 and taking Rs 5000 bribe has been proved.

He further informed that on the basis of this investigation report a case under prevention of corruption act has been registered against the said Sub Inspector at VB police station Bathinda range. Further investigation into this case was under progress.

---------

ਵਿਜੀਲੈਂਸ ਬਿਊਰੋ ਪੰਜਾਬ

# ਵਿਜੀਲੈਂਸ ਵੱਲੋਂ 5000 ਰੁਪਏ ਰਿਸ਼ਵਤ ਲੈਣ ਦੇ ਦੋਸ਼ ਹੇਠ ਪੁਲਿਸ ਸਬ-ਇੰਸਪੈਕਟਰ ਵਿਰੁੱਧ ਭ੍ਰਿਸ਼ਟਾਚਾਰ ਦਾ ਕੇਸ ਦਰਜ

## ਦੋਸ਼ੀ ਪੁਲਿਸ ਮੁਲਾਜ਼ਮ 15,000 ਰੁਪਏ ਹੋਰ ਰਿਸ਼ਵਤ ਦੀ ਕਰ ਰਿਹਾ ਸੀ ਮੰਗ

ਚੰਡੀਗੜ੍ਹ, 2 ਅਗਸਤ:

ਪੰਜਾਬ ਵਿਜੀਲੈਂਸ ਬਿਊਰੋ ਨੇ ਸੂਬੇ ਵਿੱਚ ਭ੍ਰਿਸ਼ਟਾਚਾਰ ਵਿਰੁੱਧ ਚਲਾਈ ਜਾ ਰਹੀ ਮੁਹਿੰਮ ਤਹਿਤ ਪੁਲਿਸ ਥਾਣਾ ਬੋਹਾ, ਜ਼ਿਲ੍ਹਾ ਮਾਨਸਾ ਵਿਖੇ ਤਾਇਨਾਤ ਪੁਲਿਸ ਸਬ-ਇੰਸਪੈਕਟਰ (ਐਸ.ਆਈ.) ਗੁਰਤੇਜ ਸਿੰਘ ਨੂੰ ਰਿਸ਼ਵਤ ਦੀ ਮੰਗ ਕਰਨ ਅਤੇ 5000 ਰੁਪਏ ਰਿਸ਼ਵਤ ਲੈਣ ਦੇ ਦੋਸ਼ ਹੇਠ ਮੁਕੱਦਮਾ ਦਰਜ ਕੀਤਾ ਹੈ।

ਇਹ ਪ੍ਰਗਟਾਵਾ ਕਰਦੇ ਹੋਏ ਅੱਜ ਇੱਥੇ ਰਾਜ ਵਿਜੀਲੈਂਸ ਬਿਊਰੋ ਦੇ ਬੁਲਾਰੇ ਨੇ ਦੱਸਿਆ ਕਿ ਉਕਤ ਪੁਲਿਸ ਮੁਲਾਜ਼ਮ ਵਿਰੁੱਧ ਮਾਨਸਾ ਜ਼ਿਲ੍ਹੇ ਦੇ ਪਿੰਡ ਸ਼ੇਰਖਾਂ ਵਾਲਾ ਦੇ ਵਸਨੀਕ ਪਰਵਿੰਦਰ ਸਿੰਘ ਵੱਲੋਂ ਮੁੱਖ ਮੰਤਰੀ ਭ੍ਰਿਸ਼ਟਾਚਾਰ ਵਿਰੋਧੀ ਐਕਸ਼ਨ ਲਾਈਨ ਵਿਖੇ ਦਰਜ ਕਰਵਾਈ ਸ਼ਿਕਾਇਤ ਦੇ ਆਧਾਰ 'ਤੇ ਮੁਕੱਦਮਾ ਦਰਜ ਕੀਤਾ ਗਿਆ ਹੈ।

ਬੁਲਾਰੇ ਨੇ ਅੱਗੇ ਦੱਸਿਆ ਕਿ ਸ਼ਿਕਾਇਤਕਰਤਾ ਨੇ ਆਪਣੀ ਸ਼ਿਕਾਇਤ ਵਿੱਚ ਦੋਸ਼ ਲਗਾਇਆ ਕਿ ਉਸਦੇ ਰਿਸ਼ਤੇਦਾਰਾਂ ਖਿਲਾਫ ਥਾਣਾ ਬੋਹਾ ਵਿਖੇ ਮੁਕੱਦਮਾ ਦਰਜ ਹੈ ਅਤੇ ਉਕਤ ਸਬ ਇੰਸਪੈਕਟਰ ਨੇ ਦੋਸ਼ੀ ਦਾ ਪੁਲੀਸ ਰਿਮਾਂਡ ਨਾ ਲੈਣ ਬਦਲੇ 40,000 ਰੁਪਏ ਨਜਾਇਜ਼ ਰਿਸ਼ਵਤ ਦੀ ਮੰਗ ਕੀਤੀ ਸੀ। ਬੁਲਾਰੇ ਨੇ ਅੱਗੇ ਦੱਸਿਆ ਕਿ ਸ਼ਿਕਾਇਤਕਰਤਾ ਵੱਲੋਂ ਵਾਰ-ਵਾਰ ਬੇਨਤੀ ਕਰਨ 'ਤੇ ਉਕਤ ਪੁਲਿਸ ਮੁਲਾਜ਼ਮ 20,000 ਰੁਪਏ ਰਿਸ਼ਵਤ ਲੈਣ ਲਈ ਰਾਜ਼ੀ ਹੋ ਗਿਆ ਅਤੇ ਉਕਤ ਪੁਲਿਸ ਕਰਮੀ ਨੇ 5,000 ਰੁਪਏ ਪਹਿਲੀ ਕਿਸ਼ਤ ਵਜੋਂ ਪ੍ਰਾਪਤ ਕੀਤੇ। ਸ਼ਿਕਾਇਤਕਰਤਾ ਨੇ ਰਿਸ਼ਵਤ ਦੀ ਮੰਗ ਕਰਨ ਅਤੇ ਲੈਣ ਸਬੰਧੀ ਪੁਲਿਸ ਕਰਮੀ ਨਾਲ ਹੋਈ ਸਾਰੀ ਗੱਲਬਾਤ ਰਿਕਾਰਡ ਕਰ ਲਈ ਸੀ।

ਬੁਲਾਰੇ ਨੇ ਅੱਗੇ ਦੱਸਿਆ ਕਿ ਪੜਤਾਲ ਦੌਰਾਨ ਉਕਤ ਸ਼ਿਕਾਇਤ ਵਿੱਚ ਲਗਾਏ ਗਏ ਦੋਸ਼ ਸਹੀ ਪਾਏ ਗਏ ਹਨ ਕਿਉਂਕਿ ਜ਼ੁਬਾਨੀ ਸਬੂਤਾਂ ਦੇ ਨਾਲ-ਨਾਲ ਘਟਨਾ ਦੀ ਵੀਡੀਓ ਰਿਕਾਰਡਿੰਗ ਅਤੇ 20,000 ਰੁਪਏ ਦੀ ਮੰਗ ਕਰਨ ਅਤੇ 5000 ਰੁਪਏ ਦੀ ਰਿਸ਼ਵਤ ਲੈਣ ਦੇ ਦੋਸ਼ ਵੀ ਸਾਬਤ ਹੋਏ ਗਏ ਹਨ।

ਬੁਲਾਰੇ ਨੇ ਅੱਗੇ ਦੱਸਿਆ ਕਿ ਇਸ ਤਫ਼ਤੀਸ਼ ਦੇ ਆਧਾਰ 'ਤੇ ਉਕਤ ਸਬ-ਇੰਸਪੈਕਟਰ ਖਿਲਾਫ਼ ਵਿਜੀਲੈਂਸ ਬਿਊਰੋ ਦੇ ਥਾਣਾ ਬਠਿੰਡਾ ਰੇਂਜ ਵਿਖੇ ਭ੍ਰਿਸ਼ਟਾਚਾਰ ਰੋਕੂ ਕਾਨੂੰਨ ਤਹਿਤ ਮੁਕੱਦਮਾ ਦਰਜ ਕੀਤਾ ਗਿਆ ਹੈ। ਇਸ ਮੁਕੱਦਮੇ ਸਬੰਧੀ ਅਗਲੇਰੀ ਜਾਂਚ ਜਾਰੀ ਹੈ।

-------